ਨੰ:3/78/2014-3ਸਿ3/253518/1

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਅਕਾਲ ਅਕੈਡਮੀ,
ਉਡਤ ਸੈਦੇਵਾਲਾ,
ਤਹਿਸੀਲ ਬੁਢਲਾਡਾ,
ਜ਼ਿਲ੍ਹਾ ਮਾਨਸਾ ।

ਮਿਤੀ, ਚੰਡੀਗੜ੍ਹ: 26-6-14

ਵਿਸ਼ਾ: ਅਕਾਲ ਅਕੈਡਮੀ, ਉਡਤ ਸੈਦੇਵਾਲਾ, ਤਹਿਸੀਲ ਬੁਢਲਾਡਾ ਜ਼ਿਲ੍ਹਾ ਮਾਨਸਾ ਨੂੰ ਸੀ. ਬੀ.ਐਸ.ਈ ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

******

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ ਮਾਨਸਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾਂ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।

Manager
AKAL ACADEMY
Uddat Saide Wala
(Mansa)

Principal
AKAL ACADEMY
Uddat Saide Wala (Mansa)
Aff. to. CBSE Vide No. 1631020

Scanned with OKEN Scanner

4. ਸੀ.ਬੀ.ਐਸ.ਈ ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਲ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਅਕਾਊਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

ਪਿ:ਅੰ:ਨੰ: 3/78/2014-3ਸਿ3/ ਮਿਤੀ, ਚੰਡੀਗੜ੍ਹ:

ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/9-2014-ਗ੍ਰਾਂਟ1(2)/786, ਮਿਤੀ 6.6.2014 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਅਕਾਲ ਅਕੈਡਮੀ, ਉਡਤ ਸੈਦੇਵਾਲਾ, ਤਹਿਸੀਲ ਬੁਢਲਾਡਾ ਜਿਲ੍ਹਾ ਮਾਨਸਾ ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

ਉਪ ਸਕੱਤਰ ਸਕੂਲ ਸਿੱਖਿਆ

ਅੰਦਰੂਨੀ ਵੰਡ:

1. ਨਿੱਜੀ ਸਕੱਤਰ/ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਕੱਤਰ/ਪ੍ਰਮੁੱਖ ਸਕੱਤਰ,ਸਕੂਲ ਸਿੱਖਿਆ, ਪੰਜਾਬ।
3. ਨਿੱਜੀ ਸਕੱਤਰ/ ਸਕੱਤਰ ਸਕੂਲ ਸਿੱਖਿਆ, ਪੰਜਾਬ।
4. ਨਿੱਜੀ ਸਕੱਤਰ/ ਉਪ ਸਕੱਤਰ ਸਕੂਲ ਸਿੱਖਿਆ, ਪੰਜਾਬ।

Manager
AKAL ACADEMY
Uddat Saide Wala
(Mansa)

Principal
AKAL ACADEMY
Uddat Saide Wala (Mansa)
Aff. to. CBSE Vide No. 1631020

Scanned with OKEN Scanner

(Translated from Punjabi to English)
No.3/78/2014--3E-3/253518/1
Punjab Government
Education Department
(Education-3 Branch)

NOTARY SURJIT SINGH BUDHLADA (PB.) Regd. No. 44879 Valid Upto 23-3-2030 GOVT. OF INDIA

To

Principal
Akal Academy
Uddat Saidewala
Tehsil Budhlada, Distt. Mansa.
Dated, Chandigarh : 26.6.14

Subject: Issue of No Objection Certificate to Akal Academy Uddat Saidewala, Tehsil Budhlada, Distt. Mansa to get Affiliation from C.B.S.E.New Delhi

Respected Sir,

With reference to the subject cited above:

2. After detailed consideration of the documents submitted by the school management including affidavit, recommendations of the District Education Officer, Mansa and Director Education Department (Secondary Education) Punjab, Chandigarh, no objection certificate is being issued by the Punjab Government as per the following conditions:

1. If, these facts has come into notice at any time in future during inspection or complaint that you have filed the application with the Government, on the basis of false information to grant no objection certificate and or you are notcomplying the instructions issued by the Punjab Government from time to time and you are not obeying the conditions as described in the affidavit, than in such conditions this no objection certificate can be withdrawn at any time.

2. It will be mandatory to teach Punjabi up to Matric for your School and C.B.S.E. New Delhi must take the effect steps to conduct examination of Punjabi in such schools and in addition to that it is also informed that in case you did not do so then no objection Certificate will be withdrawn immediately.

3. School Management will comply the notification issued by the Government under R.T.E. Act. 2009 and rules issued for the Punjab state R.T.E. 2009 as it is.

4. School Management will pay the salary and other allowances to the teaching And non teaching staff through account payees cheques like as Govt. employees after

Manager
AKAL ACADEMY
Uddat Saide Wala
(Mansa)

Principal
AKAL ACADEMY
Uddat Saide Wala (Mansa)
Aff. to. CBSE Vide No. 1631020

obtaining the affiliation from the C.B.S.E. New Delhi. In case you did not do so then no objection certificate will be withdrawn immediately.

5. You and your management will also ensure that if Distt. Education Officer or any senior authority of education department seeks any information from your school then you will provide the required information and will made necessary co operation with them.

Sd/ In Punjabi
Special Secretary (School Education)

Endorsement No.3/78/2014-3E 3/ Date, Chandigarh

A copy of this being sent to the Director Education Department (Secondary Education) Punjab, Chandigarh in response to Memo No. 15/9 dated 2014)- Grant 1(2) 786 dated 6.6.2014 with request to that inspection of this school must be conducted at least after every 5 years and inspection report be sent to the Government so that it can be noticed that whether the respective school is complying the instructions of the govt. as it is or not.

2. Original file is being returned to Akal Academy Uddat Saide Wala, Tehsil Budhlada, Distt. Mansa as it is.

Sd/-
Deputy Secretary- School Education

Internal Distribution:

1) Personal Secretary / Education Department, Punjab
2) Personal Secretary / Chief Secretary Education Department, Punjab
3) Personal Secretary/Secretary Education Department, Punjab
4) Personal Secretary / Deputy Secretary Education Department, Punjab

Certified to be true, correct & faithful Translation into English of the Original, which is In Punjabi

ATTESTED
SURJIT SINGH, Advocate
NOTARY PUBLIC, BUDHLADA (Pb.)
14/8/26

Manager
AKAL ACADEMY
Uddat Saide Wala
(Mansa)

Principal
AKAL ACADEMY
Uddat Saide Wala (Mansa)
Aff. to. CBSE Vide No. 1631020

NOTARY SURJIT SINGH BUDHLADA (PB.) Regd. No. 44879 Valid Upto 23-3-2030 GOVT. OF INDIA